Tape/CD: 1329 ਪੰਨਾ ੭੫੮-੭੫੯

ਰਾਗੁ ਸੂਹੀ ਮਹਲਾ ੪ ਅਸਟਪਦੀਆ ਘਰੁ ੧੦ ੴ ਸਤਿਗੁਰ ਪ੍ਰਸਾਦਿ॥

ਅੰਦਰਿ ਸਚਾ ਨੇਹੁ ਲਾਇਆ ਪ੍ਰੀਤਮ ਆਪਣੈ ॥ ਤਨੁ ਮਨੁ ਹੋਇ ਨਿਹਾਲੁ ਜਾ ਗੁਰੁ ਦੇਖਾ ਸਾਮ੍ਣੇ ॥ ੧ ॥ ਮੈ ਹਰਿ ਹਰਿ ਨਾਮੁ ਵਿਸਾਹੁ ॥ ਗੁਰ ਪੂਰੇ ਤੇ ਪਾਇਆ ਅੰਮ੍ਰਿਤੁ ਅਗਮ ਅਥਾਹੁ ॥ ੧ ॥ ਰਹਾਉ ॥ ਹਉ ਸਤਿਗੁਰੁ ਵੇਖਿ ਵਿਗਸੀਆ ਹਰਿ ਨਾਮੇ ਲਗਾ ਪਿਆਰੁ ॥ ਕਿਰਪਾ ਕਰਿ ਕੈ ਮੇਲਿਅਨੁ ਪਾਇਆ ਮੋਖ ਦੁਆਰੁ ॥ ੨ ॥ ਸਤਿਗੁਰੁ ਬਿਰਹੀ ਨਾਮ ਕਾ ਜੇ ਮਿਲੈ ਤ ਤਨੁ ਮਨੁ ਦੇਉ ॥ ਜੇ ਪੂਰਬਿ ਹੋਵੈ ਲਿਖਿਆ ਤਾ ਅੰਮ੍ਰਿਤੁ ਸਹਜਿ ਪੀਏਉ ॥ ੩ ॥ ਸੁਤਿਆ ਗੁਰੁ ਸਾਲਾਹੀਐ ਉਠਦਿਆ ਭੀ ਗੁਰੁ ਆਲਾਉ ॥ ਕੋਈ ਐਸਾ ਗੁਰਮੁਖਿ ਜੇ ਮਿਲੈ ਹਉ ਤਾ ਕੇ ਧੋਵਾ ਪਾਉ ॥ ੪ ॥ ਕੋਈ ਐਸਾ ਸਜਣੁ ਲੋੜਿ ਲਹੁ ਮੈ ਪ੍ਰੀਤਮੁ ਦੇਇ ਮਿਲਾਇ ॥ ਸਤਿਗੁਰਿ ਮਿਲਿਐ ਹਰਿ ਪਾਇਆ ਮਿਲਿਆ ਸਹਜਿ ਸੁਭਾਇ ॥ ੫ ॥ ਸਤਿਗੁਰੁ ਸਾਗਰੁ ਗੁਣ ਨਾਮ ਕਾ ਮੈ ਤਿਸੁ ਦੇਖਣ ਕਾ ਚਾਉ ॥ ਹਉ ਤਿਸੁ ਬਿਨੁ ਘੜੀ ਨ ਜੀਵਊ ਬਿਨੁ ਦੇਖੇ ਮਰਿ ਜਾਉ ॥ ੬ ॥ ਜਿਉ ਮਛੁਲੀ ਵਿਣੁ ਪਾਣੀਐ ਰਹੈ ਨ ਕਿਤੈ ਉਪਾਇ ॥ ਤਿਉ ਹਰਿ ਬਿਨੁ ਸੰਤੁ ਨ ਜੀਵਈ ਬਿਨੁ ਹਰਿ ਨਾਮੈ ਮਰਿ ਜਾਇ ॥ ੭ ॥ ਮੈ ਸਤਿਗੁਰ ਸੇਤੀ ਪਿਰਹੜੀ ਕਿਉ ਗੁਰ ਬਿਨੁ ਜੀਵਾ ਮਾਉ ॥ ਮੈ ਗੁਰਬਾਣੀ ਆਧਾਰੁ ਹੈ ਗੁਰਬਾਣੀ ਲਾਗਿ ਰਹਾਉ ॥ ੮ ॥ ਹਰਿ ਹਰਿ ਨਾਮੁ ਰਤੰਨੁ ਹੈ ਗੁਰੁ ਤੁਠਾ ਦੇਵੈ ਮਾਇ ॥ ਮੈ ਧਰ ਸਚੇ ਨਾਮ ਕੀ ਹਰਿ ਨਾਮਿ ਰਹਾ ਲਿਵ ਲਾਇ ॥ ੯ ॥ ਗੁਰ ਗਿਆਨੁ ਪਦਾਰਥੁ ਨਾਮੁ ਹੈ ਹਰਿ ਨਾਮੋ ਦੇਇ ਦ੍ਰਿੜਾਇ ॥ ਜਿਸੁ ਪਰਾਪਤਿ ਸੋ ਲਹੈ ਗੁਰ ਚਰਣੀ ਲਾਗੈ ਆਇ ॥ ੧੦ ॥ ਅਕਥ ਕਹਾਣੀ ਪ੍ਰੇਮ ਕੀ ਕੋ ਪ੍ਰੀਤਮੁ ਆਖੈ ਆਇ ॥ ਤਿਸੁ ਦੇਵਾ ਮਨੁ ਆਪਣਾ ਨਿਵਿ ਨਿਵਿ ਲਾਗਾ ਪਾਇ ॥ ੧੧ ॥ ਸਜਣੁ ਮੇਰਾ ਏਕੁ ਤੂੰ ਕਰਤਾ ਪੁਰਖੁ ਸੁਜਾਣੁ ॥ ਸਤਿਗੁਰਿ ਮੀਤਿ ਮਿਲਾਇਆ ਮੈ ਸਦਾ ਸਦਾ ਤੇਰਾ ਤਾਣੁ ॥ ੧੨ ॥ ਸਤਿਗੁਰੁ ਮੇਰਾ ਸਦਾ ਸਦਾ ਨਾ ਆਵੈ ਨ ਜਾਇ ॥ ਓਹੁ ਅਬਿਨਾਸੀ ਪੁਰਖੁ ਹੈ ਸਭ ਮਹਿ ਰਹਿਆ ਸਮਾਇ ॥ ੧੩ ॥ ਰਾਮ ਨਾਮ ਧਨੁ ਸੰਚਿਆ ਸਾਬਤੁ ਪੂੰਜੀ ਰਾਸਿ ॥ ਨਾਨਕ ਦਰਗਹ ਮੰਨਿਆ ਗੁਰ ਪੂਰੇ ਸਾਬਾਸਿ ॥ ੧੪ ॥ ੧ ॥ ੨ ॥ ੧੧ ॥

ਸਿਰੀਰਾਗੁ ਮਹਲਾ ੪ ॥ ਹਉ ਪੰਥੁ ਦਸਾਈ ਨਿਤ ਖੜੀ ਕੋਈ ਪ੍ਰਭੁ ਦਸੇ ਤਿਨਿ ਜਾਉ ॥ ਜਿਨੀ ਮੇਰਾ ਪਿਆਰਾ ਰਾਵਿਆ ਤਿਨ ਪੀਛੈ ਲਾਗਿ ਫਿਰਾਉ ॥ ਕਰਿ ਮਿੰਨਤਿ ਕਰਿ ਜੋਦੜੀ ਮੈ ਪ੍ਰਭੁ ਮਿਲਣੈ ਕਾ ਚਾਉ ॥ ੧ ॥ ਮੇਰੇ ਭਾਈ ਜਨਾ ਕੋਈ ਮੋ ਕਉ ਹਰਿ ਪ੍ਰਭੁ ਮੇਲਿ ਮਿਲਾਇ ॥ ਹਉ ਸਤਿਗੁਰ ਵਿਟਹੁ ਵਾਰਿਆ ਜਿਨਿ ਹਰਿ ਪ੍ਰਭੁ ਦੀਆ ਦਿਖਾਇ ॥ ੧ ॥ ਰਹਾਉ ॥ ਹੋਇ ਨਿਮਾਣੀ ਢਹਿ ਪਵਾ ਪੂਰੇ ਸਤਿਗੁਰ ਪਾਸਿ ॥ ਨਿਮਾਣਿਆ ਗੁਰੁ ਮਾਣੁ ਹੈ ਗੁਰੁ ਸਤਿਗੁਰੁ ਕਰੇ ਸਾਬਾਸਿ ॥ ਹਉ ਗੁਰੁ ਸਾਲਾਹਿ ਨ ਰਜਊ ਮੈ ਮੇਲੇ ਹਰਿ ਪ੍ਰਭੁ ਪਾਸਿ ॥ ੨ ॥ ਸਤਿਗੁਰ ਨੋ ਸਭ ਕੋ ਲੋਚਦਾ ਜੇਤਾ ਜਗਤੁ ਸਭੁ ਕੋਇ ॥ ਬਿਨੁ ਭਾਗਾ ਦਰਸਨੁ ਨਾ ਥੀਐ ਭਾਗਹੀਣ ਬਹਿ ਰੋਇ ॥ ਜੋ ਹਰਿ ਪ੍ਰਭ ਭਾਣਾ ਸੋ ਥੀਆ ਧੁਰਿ ਲਿਖਿਆ ਨ ਮੇਟੈ ਕੋਇ ॥ ੩ ॥ ਆਪੇ ਸਤਿਗੁਰੁ ਆਪਿ ਹਰਿ ਆਪੇ ਮੇਲਿ ਮਿਲਾਇ ॥ ਆਪਿ ਦਇਆ ਕਰਿ ਮੇਲਸੀ ਗੁਰ ਸਤਿਗੁਰ ਪੀਛੈ ਪਾਇ ॥ ਸਭੁ ਜਗਜੀਵਨੁ ਜਗਿ ਆਪਿ ਹੈ ਨਾਨਕ ਜਲੁ ਜਲਹਿ ਸਮਾਇ ॥ ੪ ॥ ੪ ॥ ੬੮ ॥

Tape/CD: 1329

ਪੰਨਾ ੭੭੬

ਸੂਹੀ ਮਹਲਾ ੪ ਘਰੁ ੫

ਗੁਰੁ ਸੰਤ ਜਨੋ ਪਿਆਰਾ ਮੈ ਮਿਲਿਆ ਮੇਰੀ ਤ੍ਰਿਸਨਾ ਬੁਝਿ ਗਈਆਸੇ ॥ ਹਉ ਮਨੁ ਤਨੁ ਦੇਵਾ ਸਤਿਗੁਰੈ ਮੈ ਮੇਲੇ ਪ੍ਰਭ ਗੁਣਤਾਸੇ ॥ ਧਨੁ ਧੰਨੁ ਗੁਰੂ ਵਡ ਪੁਰਖੁ ਹੈ ਮੈ ਦਸੇ ਹਰਿ ਸਾਬਾਸੇ ॥ ਵਡਭਾਗੀ ਹਰਿ ਪਾਇਆ ਜਨ ਨਾਨਕ ਨਾਮਿ ਵਿਗਾਸੇ ॥ ੧ ॥ ਗੁਰੁ ਸਜਣੁ ਪਿਆਰਾ ਮੈ ਮਿਲਿਆ ਹਰਿ ਮਾਰਗੁ ਪੰਥੁ ਦਸਾਹਾ ॥ ਘਰਿ ਆਵਹੁ ਚਿਰੀ ਵਿਛੁੰਨਿਆ ਮਿਲੁ ਸਬਦਿ ਗੁਰੂ ਪ੍ਰਭ ਨਾਹਾ ॥ ਹਉ ਤੁਝੁ ਬਾਝਹੁ ਖਰੀ ਉਡੀਣੀਆ ਜਿਉ ਜਲ ਬਿਨੁ ਮੀਨੁ ਮਰਾਹਾ ॥ ਵਡਭਾਗੀ ਹਰਿ ਧਿਆਇਆ ਜਨ ਨਾਨਕ ਨਾਮਿ ਸਮਾਹਾ ॥ ੨ ॥ ਮਨੁ ਦਹ ਦਿਸਿ ਚਲਿ ਚਲਿ ਭਰਮਿਆ ਮਨਮੁਖੁ ਭਰਮਿ ਭੁਲਾਇਆ ॥ ਨਿਤ ਆਸਾ ਮਨਿ ਚਿਤਵੈ ਮਨ ਤ੍ਰਿਸਨਾ ਭੁਖ ਲਗਾਇਆ ॥ ਅਨਤਾ ਧਨੁ ਧਰਿ ਦਬਿਆ ਫਿਰਿ ਬਿਖੁ ਭਾਲਣ ਗਇਆ ॥ ਜਨ ਨਾਨਕ ਨਾਮੁ ਸਲਾਹਿ ਤੂ ਬਿਨੁ ਨਾਵੈ ਪਚਿ ਪਚਿ ਮੁਇਆ ॥ ੩ ॥ ਗੁਰੁ ਸੁੰਦਰੁ ਮੋਹਨੁ ਪਾਇ ਕਰੇ ਹਰਿ ਪ੍ਰੇਮ ਬਾਣੀ ਮਨੁ ਮਾਰਿਆ ॥ ਮੇਰੈ ਹਿਰਦੈ ਸੁਧਿ ਬੁਧਿ ਵਿਸਰਿ ਗਈ ਮਨ ਆਸਾ ਚਿੰਤ ਵਿਸਾਰਿਆ ॥ ਮੈ ਅੰਤਰਿ ਵੇਦਨ ਪ੍ਰੇਮ ਕੀ ਗੁਰ ਦੇਖਤ ਮਨੁ ਸਾਧਾਰਿਆ ॥ ਵਡਭਾਗੀ ਪ੍ਰਭ ਆਇ ਮਿਲੁ ਜਨੁ ਨਾਨਕੁ ਖਿਨੁ ਖਿਨੁ ਵਾਰਿਆ ॥ ੪ ॥ ੧ ॥ ੫ ॥